VIGILANCE BUREAU PUNJAB

# Vigilance Bureau nabs forest guard taking bribe Rs 4.50 lakhs

## Also recovers cash amounting to Rs 4.64 lakhs from car

### House search of accused leads to recovery of Rs one lakh out of previous bribe Rs 5 lakhs

Chandigarh, March 31: The Punjab Vigilance Bureau today arrested a forest guard Ranjit Khan posted at Mirzapur, Sub-Tehsil Majri, S.A.S. Nagar district while accepting a bribe of Rs. 4,50,000 on behalf of block officer Baldev Singh.

Disclosing this here today, DGP-cum-Chief Director Vigilance Bureau B.K. Uppal said accused Baldev Singh block officer posted at Mirzapur has demanded a bribe of Rs 5,50,000 from the complainant Bhupal Kumar resident of Kharar for marking the wood with official hammer mark. He has already obtained Rs 5,00,000 as bribe from the complainant on 28/03/2021. This bribe was demanded for reducing the fine (damage report) for cutting some unmarked trees vis-a-vis for transporting the wood in open market.

VB chief further informed that the complainant has a permit issued by the forest department to cut and sell Khair trees situated at village Mirzapur in Majri block. He has the permission till 31/3/2021 to remove the trees from the site. However, he was stopped from transporting the wood by the suspects reasoning that there's a complaint against him regarding some irregularities in cutting of wrong unmarked trees.

In addition, DGP VB said that the suspects had demanded Rs 2000 per tree from the complainant and has already taken Rs 5.00 lacs from them but now they are demanding the remaining bribe amount of Rs 3,20,000 in lieu of allowing them to transport the wood, reducing the fine from Rs 3,54,000 to 2,50,000 and issuing fine report in the name of the associate of the complainant.

BK Uppal highlighted that co-accused Ranjit Khan was arrested today from Omaxe Tower parking area while accepting Rs 4,50,000 as bribe from the complainant on behalf of his senior block officer Baldev Singh. During the search Rs 4,64,000 in cash was also recovered from the car of accused on the spot. Further investigation regarding the source of this amount is under process. Apart from this, Rs 1,00,000 has also been recovered from the residence of the accused Ranjit Khan during his house search. This is a part of bribe money Rs 5,00,000 taken by the accused earlier.

Sharing more details, he added that accused Baldev Singh block officer is still absconding and efforts are on to apprehend him. Furthermore, official hammer of block officer, Mirzapur is also recovered from the car of the accused Ranjit Khan. In this regard, a case has been registered u/s 7, prevention of corruption act and 120-B IPC at vigilance police station S.A.S. Nagar and further investigation is under progress.

---------------------

ਵਿਜੀਲੈਂਸ ਬਿਊਰੋ ਪੰਜਾਬ

**ਵਿਜੀਲੈਂਸ ਬਿਊਰੋ ਵੱਲੋਂ 4.50 ਲੱਖ ਰੁਪਏ ਦੀ ਰਿਸ਼ਵਤ ਲੈਂਦਾ ਵਣ ਰੱਖਿਅਕ ਕਾਬੂ, ਦੂਜਾ ਕਰਮਚਾਰੀ ਭਗੌੜਾ**

**ਕਾਰ ਚੋਂ 4.64 ਲੱਖ ਰੁਪਏ ਦੀ ਨਕਦੀ ਵੀ ਕੀਤੀ ਬਰਾਮਦ**

**ਦੋਸ਼ੀ ਦੇ ਘਰ ਦੀ ਤਲਾਸ਼ੀ ਦੌਰਾਨ ਪਿਛਲੀ ਰਿਸ਼ਵਤ ਦੇ 5 ਲੱਖ ਰੁਪਏ ਵਿੱਚੋਂ 1 ਲੱਖ ਰੁਪਏ ਬਰਾਮਦ**

ਚੰਡੀਗੜ੍ਹ, 31 ਮਾਰਚ:

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸਬ ਤਹਿਸੀਲ ਮਾਜਰੀ, ਐਸ.ਏ.ਐਸ. ਨਗਰ ਵਿਖੇ ਤਾਇਨਾਤ ਵਣ ਰੱਖਿਅਕ ਰਣਜੀਤ ਖਾਨ ਨੂੰ ਆਪਣੇ ਸੀਨੀਅਰ ਬਲਾਕ ਅਫ਼ਸਰ ਬਲਦੇਵ ਸਿੰਘ ਦੀ ਤਰਫੋਂ 4,50,000 ਰੁਪਏ ਦੀ ਰਿਸ਼ਵਤ ਲੈਣ ਦੇ ਮਾਮਲੇ ਵਿੱਚ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਜੀ.ਪੀ.-ਕਮ-ਚੀਫ ਡਾਇਰੈਕਟਰ ਵਿਜੀਲੈਂਸ ਬਿਊਰੋ ਸ੍ਰੀ ਬੀ.ਕੇ. ਉੱਪਲ ਨੇ ਦੱਸਿਆ ਕਿ ਮਿਰਜ਼ਾਪੁਰ ਵਿਖੇ ਤਾਇਨਾਤ ਦੋਸ਼ੀ ਬਲਾਕ ਅਫ਼ਸਰ ਬਲਦੇਵ ਸਿੰਘ ਨੇ ਸ਼ਿਕਾਇਤਕਰਤਾ ਭੁਪਾਲ ਕੁਮਾਰ ਵਾਸੀ ਖਰੜ ਤੋਂ ਲੱਕੜ ਨੂੰ ਸਰਕਾਰੀ ਕੁਹਾੜੇ ਨਾਲ ਨਿਸ਼ਾਨ ਲਗਾਉਣ ਲਈ 5,50,000 ਰੁਪਏ ਦੀ ਮੰਗ ਕੀਤੀ ਸੀ। ਉਸਨੇ ਸ਼ਿਕਾਇਤਕਰਤਾ ਕੋਲੋਂ ਬੀਤੀ 28/03/2021 ਨੂੰ 5,00,000 ਰੁਪਏ ਰਿਸਵਤ ਵਜੋਂ ਪਹਿਲਾਂ ਹੀ ਲੈ ਲਏ ਸਨ। ਹੁਣ ਰਿਸਵਤ ਦੀ ਮੰਗ ਬਿਨਾਂ ਨਿਸ਼ਾਨ ਵਾਲੇ ਕੁਝ ਦਰੱਖਤ ਕੱਟਣ ਅਤੇ ਖੁੱਲ੍ਹੇ ਬਾਜ਼ਾਰ ਵਿੱਚ ਲੱਕੜ ਦੀ ਢੋਆ-ਢੁਆਈ ਲਈ ਘੱਟ ਜ਼ੁਰਮਾਨਾ ਲਗਾਉਣ ਲਈ ਕੀਤੀ ਗਈ ਸੀ।

ਵਿਜੀਲੈਂਸ ਬਿਊਰੋ ਦੇ ਮੁਖੀ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੂੰ ਜੰਗਲਾਤ ਵਿਭਾਗ ਵੱਲੋਂ ਮਾਜਰੀ ਬਲਾਕ ਦੇ ਪਿੰਡ ਮਿਰਜਾਪੁਰ ਵਿਖੇ ਖੈਰ ਦੇ ਦਰੱਖਤ ਕੱਟਣ ਅਤੇ ਵੇਚਣ ਲਈ ਬਾਕਾਇਦਾ ਪਰਮਿਟ ਜਾਰੀ ਕੀਤਾ ਗਿਆ ਹੈ ਤੇ ਉਸ ਕੋਲ 31/3/2021 ਤੱਕ ਸਾਈਟ ਤੋਂ ਦਰੱਖਤ ਹਟਾਉਣ ਦੀ ਆਗਿਆ ਹੈ। ਹੁਣ ਸ਼ੱਕੀਆਂ ਦੁਆਰਾ ਉਸਨੂੰ ਲੱਕੜ ਲਿਜਾਣ ਤੋਂ ਇਸ ਕਰਕੇ ਰੋਕ ਦਿੱਤਾ ਗਿਆ ਕਿ ਉਸ ਖਿਲਾਫ਼ ਬਿਨਾਂ ਨਿਸ਼ਾਨ ਵਾਲੇ ਗਲਤ ਦਰੱਖਤਾਂ ਨੂੰ ਕੱਟਣ ਵਿੱਚ ਬੇਨਿਯਮੀਆਂ ਕਰਨ ਸਬੰਧੀ ਸ਼ਿਕਾਇਤ ਹੈ।

ਡੀਜੀਪੀ ਵਿਜੀਲੈਂਸ ਬਿਉਰੋ ਨੇ ਦੱਸਿਆ ਕਿ ਉਕਤ ਦੋਸੀਆਂ ਨੇ ਸਕਿਾਇਤਕਰਤਾ ਤੋਂ 2000 ਰੁਪਏ ਪ੍ਰਤੀ ਰੁੱਖ ਦੀ ਮੰਗ ਕੀਤੀ ਸੀ ਅਤੇ ਪਹਿਲਾਂ ਹੀ ਉਨ੍ਹਾਂ ਕੋਲੋਂ 5 ਲੱਖ ਰੁਪਏ ਲੈ ਲਏ ਸਨ ਪਰ ਹੁਣ ਉਹ ਲੱਕੜ ਦੀ ਢੋਆ-ਢੋਆਈ ਕਰਨ, ਜ਼ੁਰਮਾਨਾ 3,54,000 ਰੁਪਏ ਤੋਂ ਘਟਾ ਕੇ 2,50,000 ਕਰਨ ਅਤੇ ਸਕਿਾਇਤਕਰਤਾ ਦੇ ਸਾਥੀ ਦੇ ਨਾਮ'ਤੇ ਜੁਰਮਾਨਾ ਰਿਪੋਰਟ ਜਾਰੀ ਕਰਨ ਬਦਲੇ ਰਿਸਵਤ ਦੀ ਬਾਕੀ ਰਾਸ਼ੀ 3,20,000 ਰੁਪਏ ਦੀ ਮੰਗ ਕਰ ਰਹੇ ਸਨ।

ਸ੍ਰੀ ਬੀ.ਕੇ. ਉੱਪਲ ਨੇ ਦੱਸਿਆ ਕਿ ਦੋਸੀ ਰਣਜੀਤ ਖਾਨ ਨੂੰ ਅੱਜ ਉਸ ਦੇ ਸੀਨੀਅਰ ਬਲਾਕ ਅਧਿਕਾਰੀ ਬਲਦੇਵ ਸਿੰਘ ਤਰਫੋਂ ਸਕਿਾਇਤਕਰਤਾ ਤੋਂ 4,50,000 ਰੁਪਏ ਰਿਸਵਤ ਲੈਂਦੇ ਹੋਏ, ਓਮੈਕਸ ਟਾਵਰ ਪਾਰਕਿੰਗ ਏਰੀਆ ਤੋਂ ਗ੍ਰਿਫਤਾਰ ਕੀਤਾ ਗਿਆ ਹੈ। ਤਲਾਸੀ ਦੌਰਾਨ ਮੌਕੇ 'ਤੇ ਹੀ ਮੁਲਜਮ ਦੀ ਕਾਰ ਵਿੱਚੋਂ 4,64,000 ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਗਈ। ਇਸ ਰਕਮ ਦੇ ਸਰੋਤ ਸੰਬੰਧੀ ਅਗਲੇਰੀ ਪੜਤਾਲ ਜਾਰੀ ਹੈ। ਇਸ ਤੋਂ ਇਲਾਵਾ ਦੋਸੀ ਰਣਜੀਤ ਖਾਨ ਦੇ ਘਰ ਦੀ ਤਲਾਸੀ ਦੌਰਾਨ ਉੱਥੋਂ

1,00,000 ਰੁਪਏ ਵੀ ਬਰਾਮਦ ਕੀਤੇ ਗਏ ਹਨ। ਇਹ ਦੋਸੀ ਵੱਲੋਂ ਪਹਿਲਾਂ ਲਈ ਗਈ 5,00,000 ਰੁਪਏ ਦੀ ਰਿਸਵਤ ਦਾ ਬਾਕੀ ਹਿੱਸਾ ਹੈ।

ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਦੋਸੀ ਬਲਦੇਵ ਸਿੰਘ ਬਲਾਕ ਅਧਿਕਾਰੀ ਅਜੇ ਫਰਾਰ ਹੈ ਅਤੇ ਉਸਨੂੰ ਫੜਨ ਲਈ ਕੋਸਸਿਾਂ ਜਾਰੀ ਹਨ। ਇਸ ਤੋਂ ਇਲਾਵਾ ਦੋਸੀ ਰਣਜੀਤ ਖਾਨ ਦੀ ਕਾਰ ਵਿਚੋਂ ਬਲਾਕ ਅਧਿਕਾਰੀ, ਮਿਰਜਾਪੁਰ ਦਾ ਅਧਿਕਾਰਤ ਹਥੌੜਾ ਵੀ ਬਰਾਮਦ ਹੋਇਆ ਹੈ। ਇਸ ਸਬੰਧੀ ਵਿਜੀਲੈਂਸ ਥਾਣਾ ਐਸ.ਏ.ਐਸ. ਨਗਰ ਵਿਖੇ ਭ੍ਰਿਸਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਤੇ ਆਈ ਪੀ ਸੀ ਦੀ ਧਾਰਾ 120-ਬੀ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

-------------